**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਹਰੀਸ਼ ਕੁਮਾਰ ਸ਼ਰਮਾ, (94122-77007)
ਵਾਸੀ ਵਿਵੇਕਾਨੰਦ ਨਗਰ,
ਅਲੀਗੜ੍ਹ ਮਾਰਗ,
ਹਾਥਰਸ-204101. ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਡਾਇਰੈਕਟਰ ਇੰਡੀਅਨ ਅਕੈਡਮੀ ਆਫ਼ ਨਿਓਰੋਲੋਜੀ,
ਦਿਆ ਨੰਦ ਮੈਡੀਕਲ ਕਾਲਿਜ ਅਤੇ ਹਸਪਤਾਲ,
ਲੁਧਿਆਣਾ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਡਾਇਰੈਕਟਰ ਇੰਡੀਅਨ ਅਕੈਡਮੀ ਆਫ਼ ਨਿਓਰੋਲੋਜੀ,
ਦਿਆ ਨੰਦ ਮੈਡੀਕਲ ਕਾਲਿਜ ਅਤੇ ਹਸਪਤਾਲ,
ਲੁਧਿਆਣਾ। ------ਉੱਤਰਦਾਤਾ

**ਅਪੀਲ ਕੇਸ ਨੰ 754/2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ
2) ਉੱਤਰਦਾਤਾ ਵੱਲੋਂ ਵੀ ਕੋਈ ਨਹੀਂ।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 22-05-2018, ਲੋਕ ਸੂਚਨਾ ਅਧਿਕਾਰੀ ਦਫਤਰ ਡਾਇਰੈਕਟਰ ਇੰਡੀਅਨ ਅਕੈਡਮੀ ਆਫ਼ ਨਿਓਰੋਲੋਜੀ, ਦਿਆ ਨੰਦ ਮੈਡੀਕਲ ਕਾਲਿਜ ਅਤੇ ਹਸਪਤਾਲ, ਲੁਧਿਆਣਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵੱਲੋਂ ਮਸਕੂਲਰ ਡਿਸਟ੍ਰੋਫੀ (ਡੀ.ਐਮ.ਡੀ.) ਨਾਲ ਸਬੰਧਤ ਜੈਨੇਟਿਕ ਕੇਸਾਂ ਵਿੱਚ ਬਾਲ ਰੋਗੀਆਂ ਦੇ ਟੈਸਟਾਂ ਅਤੇ ਇਲਾਜ ਨਾਲ ਸਬੰਧਤ 04 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 17-07-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 18-02-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 15-03-2919 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 16-04-2019 ਨੂੰ ਸਵੇਰੇ 11:30 ਵਜੇ ਲਈ ਕੀਤਾ ਗਿਆ ਸੀ।

2. ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਆਪਣੀ ਈ.ਮੇਲ, ਮਿਤੀ 15-04-2019 ਰਾਹੀਂ ਭੇਜੇ ਗਏ ਪੱਤਰ ਦੁਆਰਾ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਇਹ ਵੀ ਦੱਸਿਆ ਗਿਆ ਹੈ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ ਵੱਲੋਂ ਵੀ ਅੱਜ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਨ੍ਹਾਂ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਦੇ ਬਿਨੈ-ਪੱਤਰ ਅਨੁਸਾਰ ਸੂਚਨਾ ਦਾ ਅਧਿਕਾਰ ਐਕਟ, 2005 ਦੇ ਉਪਬੰਧਾਂ ਤਹਿਤ ਬਣਦੀ ਸੂਚਨਾ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਮੁਹੱਈਆ ਕਰਵਾਈ ਜਾਵੇ ਅਤੇ ਪੇਸ਼ੀ ਤੇ ਨਿੱਜੀ ਤੌਰ ਤੇ ਹਾਜ਼ਰ ਹੋਣਾ ਹੋਣਾਵੀ ਯਕੀਨੀ ਬਣਾਇਆ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 04-06-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ, 16 ਅਪ੍ਰੈਲ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਹਾਕਮ ਸਿੰਘ,
ਪੁੱਤਰ ਸ਼੍ਰੀ ਮੁਖਤਿਆਰ ਸਿੰਘ,
ਵਾਸੀ ਟਿੱਬਾ, ਤਹਿਸੀਲ ਧੂਰੀ,
ਜ਼ਿਲ੍ਹਾ ਸੰਗਰੂਰ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਡਿਪਟੀ ਕਮਿਸ਼ਨਰ, ਸੰਗਰੂਰ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਡਿਪਟੀ ਕਮਿਸ਼ਨਰ, ਸੰਗਰੂਰ। ------ਉੱਤਰਦਾਤਾ

**ਅਪੀਲ ਕੇਸ ਨੰ 805/2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਸ਼੍ਰੀ ਪਿਯੂਸ਼ ਖੰਨਾ, ਐਡਵੋਕੇਟ (94638-22231)।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਜਗਰਾਜ ਸਿੰਘ, ਕਾਨੂੰਗੋ (94174-15960)।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 10-07-2018, ਲੋਕ ਸੂਚਨਾ ਅਧਿਕਾਰੀ ਦਫਤਰ ਡਿਪਟੀ ਕਮਿਸ਼ਨਰ, ਸੰਗਰੂਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਲੀਗਲ ਨੋਟਿਸ ਜ਼ੋ ਕਿ ਸ਼੍ਰੀ ਵਿਵੇਕ ਰਤਨ, ਐਡਵੋਕੇਟ ਪੰਜਾਬ ਅਤੇ ਹਰਿਅਣਾ ਹਾਈ ਕੋਰਟ ਵੱਲੋਂ ਸਾਲ 2012 ਵਿੱਚ ਭੁਪਿੰਦਰ ਸਿੰਘ ਪੁੱਤਰ ਸ਼੍ਰੀ ਸੁਰਜੀਤ ਸਿੰਘ ਵਾਸੀ ਟਿੱਬਾ ਸਬ ਤਹਿਸੀਲ ਸ਼ੇਰਪੁਰ, ਤਹਿਸੀਲ ਧੂਰੀ, ਜ਼ਿਲ੍ਹਾ ਸੰਗਰੁਰ ਵੱਲੋਂ ਸੁਰਜੀਤ ਸਿੰਘ ਪੁੱਤਰ ਸ਼੍ਰੀ ਗੁਰਦਿਆਲ ਕੌਰ ਵਿਧਵਾ ਜਿਊਣ ਸਿੰਘ ਦੀ ਵਰਾਸਤ ਵਾਕ ਰਕਬਾ ਟਿੱਬਾ ਦਰਜ ਕਰਨ ਲਈ ਡਿਪਟੀ ਕਮਿਸ਼ਨਰ, ਸੰਗਰੂਰ ਨੂੰ ਦਿੱਤਾ ਗਿਆ ਸੀ ਅਤੇ ਉਸ ਲੀਗਲ ਨੋਟਿਸ ਦੇ ਅਧਾਰ ਪਰ ਇੰਤਕਾਲ ਨੰ:7917, ਮਿਤੀ 23-09-2013 ਮੰਨਜੂਰ ਹੋਇਆ, ਉਸ ਲੀਗਲ ਨੋਟਿਸ ਅਤੇ ਉਸ ਲੀਗਲ ਨੋਟਿਸ ਨੂੰ ਐਸ.ਡੀ.ਐਮ. ਧੂਰੀ ਨੂੰ ਭੇਜ਼ਣ ਵਾਲੇ ਪੱਤਰ ਨੰ:1663, ਮਿਤੀ 29-08-2012 ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 25-09-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 21-02-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 15-03-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਮਿਤੀ 15-04-2019 ਨੂੰ ਸਵੇਰੇ 11:30 ਵਜੇ ਪਹਿਲੀ ਸੁਣਵਾਈ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਵੱਲੋਂ ਹਾਜ਼ਰ ਨੁਮਾਇੰਦੇ ਸ਼੍ਰੀ ਪਿਯੂਸ਼ ਖੰਨਾ, ਐਡਵੋਕੇਟ ਨੇ ਕਿਹਾ ਹੈ ਕਿ ਉਨ੍ਹਾਂ ਨੂੰ ਅਜੇ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਜਗਰਾਜ ਸਿੰਘ, ਕਾਨੂੰਗੋ ਨੇ ਪੱਤਰ ਨੰ:486/ਆਰ.ਟੀ.ਆਈ., ਮਿਤੀ 11-04-2019 ਪੇਸ਼ ਕਰਦੇ ਹੋਏ ਕਿਹਾ ਹੈ ਉਨ੍ਹਾਂ ਵੱਲੋਂ ਪਹਿਲਾਂ ਪੱਤਰ ਨੰ:1748/ਅਨਸਕ,.ਆਈ. ਸੈਲ, ਮਿਤੀ 26-07-2018 ਰਾਹੀਂ ਅਪੀਲਕਰਤਾ ਨੂੰ ਸੂਚਨਾ ਭੇਜ ਦਿੱਤੀ ਗਈ ਸੀ। ਉਸ ਉਪਰੰਤ ਅਪੀਲਕਰਤਾ ਵੱਲੋਂ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕਰਨ ਤੇ ਫਿਰ ਪੱਤਰ ਨੰ:527/ਅਨਸਕ, ਮਿਤੀ 26-02-2019 ਰਾਹੀਂ ਉਸ ਨੂੰ ਜਵਾਬ ਭੇਜ ਦਿੱਤਾ ਗਿਆ ਸੀ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ। ਉੱਤਰਦਾਤਾ ਵੱਲੋਂ ਨਿਰਧਾਰਿਤ ਸਮੇਂ ਅੰਦਰ ਅਪੀਲਕਰਤਾ ਨੂੰ ਸੂਚਨਾ ਭੇਜੀ ਜਾ ਚੁੱਕੀ ਹੈ ਅਤੇ ਉੱਤਰਦਾਤਾ ਵੱਲੋਂ ਅਪੀਲਕਰਤਾ ਨੂੰ ਦਿੱਤੀ ਗਈ ਸੂਚਨਾ ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖਸ਼ ਪਾਈ ਗਈ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)

**ਮਿਤੀ: ਚੰਡੀਗੜ੍ਹ, 16 ਅਪ੍ਰੈਲ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਬੰਤ ਸਿੰਘ (94653-34445)
ਵਾਸੀ ਪਲਾਟ ਨੰ:8, ਹੀਰਾ ਬਾਗ,
ਰਾਜਪੁਰਾ ਰੋਡ,
ਨੇੜੇ ਡਾਕਟਰ ਉਧਮ ਸਿੰਘ ਰਿਹਾਇਸ਼,
ਪਟਿਆਲਾ।  -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਸੀਨੀਅਰ ਕਪਤਾਨ, ਪੁਲਿਸ,
ਸੰਗਰੂਰ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਇੰਸਪੈਕਟਰ ਜਨਰਲ ਆਫ ਪੁਲਿਸ,
ਪਟਿਆਲਾ ਰੇਂਜ, ਪਟਿਆਲਾ।  ------ਉੱਤਰਦਾਤਾ

**ਅਪੀਲ ਕੇਸ ਨੰ 827/2019**

**ਹਾਜ਼ਰ:-**

1) ਸ਼੍ਰੀ ਬੰਤ ਸਿੰਘ, ਅਪੀਲਕਰਤਾ ਸਮੇਤ ਸ਼੍ਰੀ ਐਚ.ਐਸ. ਟਿਵਾਣਾ, ਐਡਵੋਕੇਟ।
2) ਉੱਤਰਦਾਤਾ ਲੋਕ ਸੂਚਨਾ ਅਧਿਕਾਰੀ, ਵੱਲੋਂ ਸ਼੍ਰੀ ਅਜੈਬ ਸਿੰਘ, ਏ.ਐਸ.ਆਈ.(80545-45411)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 14-08-2018, ਲੋਕ ਸੂਚਨਾ ਅਧਿਕਾਰੀ ਦਫਤਰ ਸੀਨੀਅਰ ਕਪਤਾਨ, ਪੁਲਿਸ, ਸੰਗਰੂਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਸ਼੍ਰੀਮਤੀ ਕਰਮਜੀਤ ਕੌਰ ਵਾਸੀ ਅਹਿਮਦਗੜ੍ਹ, ਸੰਗਰੂਰ ਵੱਲੋਂ ਸ਼੍ਰੀ ਬੂਟਾ ਸਿੰਘ ਵਾਸੀ ਹੀਰਾ ਬਾਗ, ਰਾਜਪੁਰਾ ਰੋਡ, ਪਟਿਆਲਾ ਵਿਰੁੱਧ ਕੀਤੀ ਗਈ ਸ਼ਿਕਾਇਤ ਨਾਲ ਸਬੰਧਤ 05 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 16-10-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 25-02-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 15-03-2919 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 16-04-2019 ਨੂੰ ਸਵੇਰੇ 11:30 ਵਜੇ ਲਈ ਕੀਤਾ ਗਿਆ ਸੀ।

2. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਅਜੈਬ ਸਿੰਘ, ਏ.ਐਸ.ਆਈ. ਨੇ ਪੱਤਰ ਨੰ:25/ਆਰ.ਟੀ.ਆਈ., ਮਿਤੀ 13-04-2019 ਪੇਸ਼ ਕਰਦੇ ਹੋਏ ਕਿਹਾ ਹੈ ਅਪੀਲਕਰਤਾ ਵੱਲੋਂ ਪਹਿਲਾਂ ਆਪਣੀ ਆਰ.ਟੀ.ਆਈ. ਵਿੱਚ ਮੰਗੀ ਗਈ ਸੂਚਨਾ ਨਾਲ ਸਬੰਧਤ ਦਰਖਾਸਤ ਦੇ ਨੰਬਰ ਅਤੇ ਮਿਤੀ ਬਾਰੇ ਜ਼ਿਕਰ ਨਹੀਂ ਕੀਤਾ ਗਿਆ ਹੈ ਜਿਸ ਕਰਕੇ ਉਨ੍ਹਾ ਵੱਲੋਂ ਪੱਤਰ ਨੰ:1691/ਆਰ.ਟੀ.ਆਈ., ਮਿਤੀ 25-08-2018 ਰਾਹੀਂ ਅਪੀਲਕਰਤਾ ਕੋਲੋਂ ਸਪੱਸ਼ਟੀਕਰਣ ਮੰਗਿਆ ਸੀ। ਉਸ ਉਪਰੰਤ ਅਪੀਲਕਰਤਾ ਵੱਲੋਂ ਪਹਿਲੀ ਅਪੀਲੀ ਅਥਾਰਟੀ

ਚਲਦਾ----ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**





ਕੋਲ ਅਪੀਲ ਕਰਨ ਤੋਂ ਬਾਅਦ ਉਨ੍ਹਾਂ ਵੱਲੋਂ ਅਪੀਲਕਰਤਾ ਕੋਲੋਂ ਫੋਨ ਤੇ ਸੰਪਰਕ ਕਰਕੇ ਦਰਖਾਸਤ ਬਾਰੇ ਪਤਾ ਕਰਕੇ ਥਾਣਾ ਸਿਟੀ ਅਹਿਮਦਗੜ੍ਹ ਪਾਸੋਂ ਦਸਤੀ ਦਰਖਾਸਤ ਬਾਰੇ ਰਿਕਾਰਡ ਹਾਸਲ ਕਰਕੇ ਅਪੀਲਕਰਤਾ ਨੂੰ ਰਜਿਸਟਰਡ ਡਾਕ ਰਾਹੀਂ ਨਕਲਾਂ ਭੇਜ ਦਿੱਤੀਆਂ ਗਈਆਂ ਸਨ ਅਤੇ ਉਹ ਸੂਚਨਾ ਨਾਲ ਵੀ ਲੈ ਕੇ ਆਇਆ ਹੈ। ਅਪੀਲਕਰਤਾ ਵੱਲੋਂ ਹਾਜ਼ਰ ਨੁਮਾਇੰਦੇ ਸ਼੍ਰੀ ਐਚ.ਐਸ. ਟਿਵਾਣਾ, ਐਡਵੋਕੇਟ ਨੇ ਕਿਹਾ ਹੈ ਕਿ ਉਨ੍ਹਾਂ ਨੂੰ ਅਜੇ ਤੱਕ ਕੋਈ ਵੀ ਸੂਚਨਾ ਪ੍ਰਾਪਤ ਨਹੀਂ ਹੋਈ ਅਤੇ ਜੋ ਸੂਚਨਾ ਪੇਸ਼ ਕੀਤੀ ਜਾ ਰਹੀ ਹੈ ਉਹ ਸ਼੍ਰੀਮਤੀ ਕਰਮਜੀਤ ਕੌਰ ਦੀ ਸ਼ਿਕਾਇਤ ਬਾਰੇ ਨਹੀਂ ਹੈ। ਹਾਜ਼ਰ ਉੱਤਰਦਾਤਾ ਵੱਲੋਂ ਕਿਹਾ ਗਿਆ ਕਿ ਉਨ੍ਹਾਂ ਕੋਲ ਸ਼੍ਰੀਮਤੀ ਕਰਮਜੀਤ ਕੌਰ ਦੀ ਸ਼ਿਕਾਇਤ ਬਾਰੇ ਕੋਈ ਦਰਖਾਸਤ ਨਹੀਂ ਹੈ ਅਤੇ ਅਪੀਲਕਰਤਾ, ਸ਼੍ਰੀ ਬੰਤ ਸਿੰਘ ਦੀ ਸ਼ਿਕਾਇਤ ਬਾਰੇ ਸੂਚਨਾ ਭੇਜੀ ਜਾ ਚੁੱਕੀ ਹੈ। ਹਾਜ਼ਰ ਉੱਤਰਦਾਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ **ਅਪੀਲਕਰਤਾ ਨੂੰ ਦੁਬਾਰਾ ਵਿਸਥਾਰ-ਪੂਰਵਕ ਰਿਪੋਰਟ 15 ਦਿਨਾਂ ਦੇ ਅੰਦਰ-ਅੰਦਰ ਰਜਿਸਟਰਡ ਡਾਕ ਰਾਹੀਂ ਭੇਜਦੇ ਹੋਏ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਜਾਵੇ**। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 13-05-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਰਾਜ ਸੂਚਨਾ ਕਮਿਸ਼ਨਰ, ਪੰਜਾਬ।

ਮਿਤੀ: ਚੰਡੀਗੜ੍ਹ, 16 ਅਪ੍ਰੈਲ, 2019.

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਮਿਸ. ਯਸ਼ਪ੍ਰੀਤ ਕੌਰ,
ਪੁੱਤਰੀ ਸ਼੍ਰੀ ਹਰਬੰਸ ਸਿੰਘ ਧਾਲੀਵਾਲ,
ਵਾਸੀ ਕਰਤਾਰਪੁਰਾ ਬਸਤੀ,
ਵਾਰਡ ਨੰ: 1, ਹਰੇੜੀ ਰੋਡ,
ਸੰਗਰੂਰ-148101. -----ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਸੀਨੀਅਰ ਕਪਤਾਨ, ਪੁਲਿਸ,
ਸੰਗਰੂਰ। -----ਉੱਤਰਦਾਤਾ

**<u>ਸ਼ਿਕਾਇਤ ਕੇਸ ਨੰ:210/2019</u>**

**<u>ਹਾਜ਼ਰ:-</u>**

1) ਸ਼ਿਕਾਇਤਕਰਤਾ ਵੱਲੋਂ ਉਸ ਦੇ ਪਿਤਾ, ਸ਼੍ਰੀ ਹਰਬੰਸ ਸਿੰਘ ਧਾਲੀਵਾਲ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਅਜੈਬ ਸਿੰਘ, ਏ.ਐਸ.ਆਈ.(80545-45411)।

**<u>ਹੁਕਮ:</u>**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 01-09-2018, ਲੋਕ ਸੂਚਨਾ ਅਧਿਕਾਰੀ ਦਫਤਰ ਸੀਨੀਅਰ ਕਪਤਾਨ, ਪੁਲਿਸ, ਸੰਗਰੂਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਕਰਤਾਰਪੁਰਾ ਬਸਤੀ, ਹਰੇੜੀ ਰੋਡ, ਵਾਰਡ ਨੰ: 1, ਨੇੜੇ ਠੇਕਾ ਸੰਗਰੂਰ ਵਿਖੇ ਦੇਹ ਵਪਾਰ ਦਾ ਅੱਡਾ ਰੋਕਣ ਬਾਰੇ ਗੁਰਜੀਤ ਕੌਰ ਉਪਰ ਝੂਠਾ ਪਰਚਾ ਦਰਜ ਕਰਨ ਨਾਲ ਸਬੰਧਤ 28 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 25-02-2019 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 15-03-2919 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 16-04-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਸ਼ਿਕਾਇਤਕਰਤਾ ਵੱਲੋਂ ਹਾਜ਼ਰ ਉਸ ਦੇ ਪਿਤਾ, ਸ਼੍ਰੀ ਹਰਬੰਸ ਸਿੰਘ ਧਾਲੀਵਾਲ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਨਹੀਂ ਮਿਲੀ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਅਜੈਬ ਸਿੰਘ, ਏ.ਐਸ.ਆਈ. ਪੱਤਰ ਨੰ:23/ਆਰ.ਟੀ.ਆਈ., ਮਿਤੀ 13-04-2019 ਪੇਸ਼ ਕਰਦੇ ਹੋਏ ਕਿਹਾ ਹੈ ਕਿ ਉਨ੍ਹਾਂ ਵੱਲੋਂ ਆਪਣੇ ਪੱਤਰ ਨੰ:1926/ਆਰ.ਟੀ.ਆਈ., ਮਿਤੀ 06-10-2018 ਰਾਹੀਂ ਸ਼ਿਕਾਇਤਕਰਤਾ ਨੂੰ ਲਿਖ ਕੇ ਭੇਜਿਆ ਗਿਆ ਸੀ ਕਿ ਦਰਖਾਸਤ ਸਬੰਧੀ ਰਿਕਾਰਡ ਦੀਆਂ ਨਕਲਾਂ ਜ਼ਿਆਦਾ ਹੋਣ ਉਨ੍ਹਾਂ ਦੇ ਦਫ਼ਤਰ ਜਾ ਕੇ ਹਾਸਲ ਕੀਤੀਆਂ ਜਾਣ। ਪਰੰਤੂ ਸ਼ਿਕਾਇਤਕਰਤਾ ਵੱਲੋਂ ਉਨ੍ਹਾਂ ਦੇ ਦਫ਼ਤਰ ਨਾਲ ਕੋਈ ਸੰਪਰਕ ਨਹੀਂ ਕੀਤਾ ਗਿਆ। ਇਸ ਤੋਂ ਇਲਾਵਾ ਉਨ੍ਹਾਂ ਵੱਲੋਂ ਸ਼ਿਕਾਇਤਕਰਤਾ ਨੂੰ ਇਹ ਵੀ ਸੂਚਿਤ ਕੀਤਾ ਗਿਆ ਸੀ ਕਿ ਉਸ ਵੱਲੋਂ ਪੁੱਛੇ ਗਏ ਪ੍ਰਸ਼ਨਾਂ ਦਾ ਉੱਤਰ ਆਰ.ਟੀ.ਆਈ. ਤਹਿਤ ਨਹੀਂ ਦਿੱਤਾ ਜਾ ਸਕਦਾ। ਉਸ ਤੋਂ ਬਾਅਦ ਉਨਾਂ ਵੱਲੋਂ ਫਿਰ ਆਪਣੇ ਪੱਤਰ ਨੰ:23/ਆਰ.ਟੀ.ਆਈ., ਮਿਤੀ 01-04-201 ਰਾਹੀਂ

ਚਲਦਾ----ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



ਸ਼ਿਕਾਇਤ ਕੇਸ ਨੰ: 210/2019

ਸ਼ਿਕਾਇਤਕਰਤਾ ਨੂੰ ਰਜਿਸਟਰਡ ਡਾਕ ਮਿਤੀ 03-04-2019 ਰਾਹੀਂ ਲਿਖ ਕੇ ਭੇਜਿਆ ਗਿਆ ਸੀ ਕਿ ਦਰਖਾਸਤ ਸਬੰਧੀ ਰਿਕਾਰਡ ਦੀਆਂ ਨਕਲਾਂ ਜ਼ਿਆਦਾ ਹੋਣ ਉਨ੍ਹਾਂ ਦੇ ਦਫ਼ਤਰ ਜਾ ਕੇ ਹਾਸਲ ਕੀਤੀਆਂ ਜਾਣ। ਪਰੰਤੂ ਸ਼ਿਕਾਇਤਕਰਤਾ ਵੱਲੋਂ ਫਿਰ ਵੀ ਉਨ੍ਹਾਂ ਦੇ ਦਫ਼ਤਰ ਨਾਲ ਕੋਈ ਸੰਪਰਕ ਨਹੀਂ ਕੀਤਾ ਗਿਆ ਅਤੇ ਨਾ ਹੀ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਹੀ ਦਾਇਰ ਕੀਤੀ ਗਈ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

3. ਸ਼ਿਕਾਇਤਕਰਤਾ ਨੇ ਲੜਕੀ ਪ੍ਰਿਯਾ ਨਾਲ ਹੋਏ ਬਲਾਤਕਾਰ ਬਾਰੇ ਸੂਚਨਾ ਮੰਗੀ ਗਈ ਹੈ ਜ਼ੋ ਕਿ ਉਸਦੀ ਨਿੱਜਤਾ ਨਾਲ ਸਬੰਧ ਰੱਖਦੀ ਹੈ ਜਿਸ ਕਰਕੇ ਇਹ ਸੂਚਨਾ ਸ਼ਿਕਾਇਤਕਰਤਾ ਨੂੰ ਨਹੀਂ ਦਿੱਤੀ ਜਾ ਸਕਦੀ। ਇਸ ਤੋਂ ਇਲਾਵਾ ਉੱਤਰਦਾਤਾ ਵੱਲੋਂ ਸ਼ਿਕਾਇਤਕਰਤਾ ਦੀ ਆਰ.ਟੀ.ਆਈ, ਮਿਤੀ 01-09-2018 ਦਾ ਜਵਾਬ ਨਿਰਧਰਿਤਾ ਸਮੇਂ ਅੰਦਰ ਭਾਵ, ਮਿਤੀ 06-10-2018 ਨੂੰ ਭੇਜ ਦਿੱਤਾ ਗਿਆ ਸੀ ਜਿਸ ਕਰਕੇ ਇਹ ਸ਼ਿਕਾਇਤ ਕੇਸ ਵੀ ਨਹੀਂ ਬਣਦਾ। ਕਮਿਸ਼ਨ ਨੂੰ ਪਹੰਚ ਕਰਨ ਤੋਂ ਪਹਿਲਾਂ ਸ਼ਿਕਾਇਤਕਰਤਾ ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਪਹੁੰਚ ਕਰਨੀ ਚਾਹੀਦੀ ਸੀ। ਇਸ ਤਰ੍ਹਾਂ ਕਮਿਸ਼ਨ ਨੇ ਉੱਤਰਦਾਤਾ ਦੇ ਜਵਾਬ ਨੂੰ ਘੋਖਣ ਉਪਰੰਤ ਤਸੱਲੀਬਖਸ਼ ਪਾਇਆ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਸ਼ਿਕਾਇਤਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਸ਼ਿਕਾਇਤ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ, 16 ਅਪ੍ਰੈਲ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਮਿਸ. ਚਸ਼ਮਿੰਦਰ ਕੌਰ, (ਮੋਬ: 96466-00131)
ਪੁੱਤਰੀ ਸ਼੍ਰੀ ਗੁਰਵਿੰਦਰ ਸਿੰਘ,
ਮਕਾਨ ਨੰ:825 ਆਨੰਦ ਨਗਰ-ਏ,
ਪਟਿਆਲਾ। -------ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਸਰਕਾਰੀ ਮਹਿੰਦਰਾ ਕਾਲਿਜ,
ਪਟਿਆਲਾ। -----ਉੱਤਰਦਾਤਾ

**ਸ਼ਿਕਾਇਤ ਕੇਸ ਨੰ:211/2019**

**ਹਾਜ਼ਰ:-**

1) ਸ਼ਿਕਾਇਤਕਰਤਾ ਵੱਲੋਂ ਕੋਈ ਨਹੀਂ।
2) ਉੱਤਰਦਾਤਾ ਵੱਲੋਂ ਵੀ ਕੋਈ ਨਹੀਂ।

**ਹੁਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 19-01-2018, ਲੋਕ ਸੂਚਨਾ ਅਧਿਕਾਰੀ ਦਫਤਰ ਸਰਕਾਰੀ ਮਹਿੰਦਰਾ ਕਾਲਿਜ, ਪਟਿਆਲਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਪ੍ਰੀਖਿਆ ਕੇਂਦਰ 705 ਦਸੰਬਰ/2017 ਅਤੇ ਮਈ/2018 ਆਦਿ ਨਾਲ ਸਬੰਧਤ 05 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 25-02-2019 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 15-03-2919 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 16-04-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਦੋਵੇਂ ਧਿਰਾਂ ਵੱਲੋਂ ਅੱਜ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਨ੍ਹਾਂ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਹੈ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਸ਼ਿਕਾਇਤਕਰਤਾ ਦੇ ਬਿਨੈ-ਪੱਤਰ ਅਨੁਸਾਰ ਸੂਚਨਾ ਦਾ ਅਧਿਕਾਰ ਐਕਟ, 2005 ਦੇ ਉਪਬੰਧਾਂ ਤਹਿਤ ਬਣਦੀ ਸੂਚਨਾ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਮੁਹੱਈਆ ਕਰਵਾਈ ਜਾਵੇ ਅਤੇ ਪੇਸ਼ੀ ਤੇ ਨਿੱਜੀ ਤੌਰ ਤੇ ਹਾਜ਼ਰ ਹੋਣਾ ਵੀ ਯਕੀਨੀ ਬਣਾਇਆ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 13-05-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ, 16 ਅਪ੍ਰੈਲ, 2019.** ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਜ਼ਸਬੀਰ ਸਿੰਘ, (ਮੋਬ: 98882-96107)
ਪਿੰਡ ਭੋਲਾਪੁਰ ਝਾਬੇਵਾਲ,
ਡਾਕਖਾਨਾ ਰਾਮਗੜ੍ਹ,
ਜ਼ਿਲ੍ਹਾ ਲੁਧਿਆਣਾ।                                                    -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ ,
ਦਫਤਰ ਸੀਨੀਅਰ ਕਪਤਾਨ, ਪੁਲਿਸ,
ਪਟਿਆਲਾ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਸੀਨੀਅਰ ਕਪਤਾਨ, ਪੁਲਿਸ,
ਪਟਿਆਲਾ।                                                    ------ਉੱਤਰਦਾਤਾ

**ਅਪੀਲ ਕੇਸ ਨੰ: 775/2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ ਲੋਕ ਸੂਚਨਾ ਅਧਿਕਾਰੀ, ਵੱਲੋਂ ਸ਼੍ਰੀ ਕੁਲਵੰਤ ਸਿੰਘ, ਏ.ਐਸ.ਆਈ. (98156-52065) ਅਤੇ ਸ਼੍ਰੀ ਸੁਖਬਹਾਲ ਸਿੰਘ, ਹੈੱਡ ਕੰਸਟੇਬਲ (97791-33600)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 29-11-2018, ਲੋਕ ਸੂਚਨਾ ਅਧਿਕਾਰੀ ਦਫਤਰ ਸੀਨੀਅਰ ਕਪਤਾਨ, ਪੁਲਿਸ, ਪਟਿਆਲਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਪੁਲਿਸ ਸਟੇਸ਼ਨ, ਘੱਗਾ, ਜ਼ਿਲਾ ਪਟਿਆਲਾ ਵਿਖੇ ਦਰਜ ਐਫ.ਆਈ.ਆਰ. ਨੰ:0132, ਮਿਤੀ 13-10-2018 ਨਾਲ ਸਬੰਧਤ 03 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 31-12-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 21-02-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 15-03-2919 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 16-04-2019 ਨੂੰ ਸਵੇਰੇ 11:30 ਵਜੇ ਲਈ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਕੁਲਵੰਤ ਸਿੰਘ, ਏ.ਐਸ.ਆਈ. ਨੇ ਪੱਤਰ ਨੰ:752/5ਏ/ਥਾਣਾ ਘੱਗਾ, ਮਿਤੀ 13-04-2019, ਜਿਸ ਦੀ ਇੱਕ ਕਾਪੀ ਅਪੀਲਕਰਤਾ ਨੂੰ ਵੀ ਭੇਜੀ ਗਈ ਹੈ, ਪੇਸ਼ ਕੀਤਾ ਹੈ ਜੋ ਕਿ ਮਿਸਲ ਤੇ ਰੱਖ ਲਿਆ ਗਿਆ ਹੈ। ਇਸ ਪੱਤਰ ਰਾਹੀਂ ਉੱਤਰਦਾਤਾ ਵੱਲੋਂ ਦੱਸਿਆ ਗਿਆ ਹੈ ਕਿ ਜਿਸ ਮੁਕੱਦਮੇ ਬਾਰੇ ਅਪੀਲਕਰਤਾ ਵੱਲੋਂ ਸੂਚਨਾ ਮੰਗੀ ਗਈ ਹੈ ਉਹ ਮੁਕੱਦਮਾ ਜੇਰੇ ਤਫਤੀਸ਼ ਹੈ ਅਤੇ ਅਪੀਲਕਰਤਾ ਇਸ ਮੁਕੱਦਮੇ ਵਿੱਚ ਦੋਸ਼ੀ ਧਿਰ ਵਜੋਂ ਸ਼ਾਮਿਲ ਨਾ ਹੋਣ ਕਾਰਨ ਉਸ ਨੂੰ ਆਰ.ਟੀ.ਆਈ. ਐਕਟ ਦੀ ਧਾਰਾ 8(1 ਜੇ) ਅਤੇ ਧਾਰਾ 8 (1 ਐਚ) ਅਨੁਸਾਰ ਸੂਚਨਾ ਮੁਹੱਈਆ ਨਹੀਂ

ਚਲਦਾ ----ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**





ਕਰਵਾਈ ਜਾ ਸਕਦੀ।

3. ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਆਪਣੇ ਪੱਤਰ, ਮਿਤੀ 11-04-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਇਹ ਵੀ ਦੱਸਿਆ ਗਿਆ ਹੈ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਵੱਲੋਂ ਪੇਸ਼ੀ ਲਈ ਅਗਲੀ ਮਿਤੀ ਦੀ ਮੰਗ ਕੀਤੀ ਗਈ ਹੈ। ਇਸ ਲਈ ਹਾਜ਼ਰ ਉੱਤਰਦਾਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ **ਅਪੀਲਕਰਤਾ ਨੂੰ ਦੁਬਾਰਾ ਵਿਸਥਾਰ-ਪੂਰਵਕ ਜਵਾਬ ਰਜਿਸਟਰਡ ਡਾਕ ਰਾਹੀਂ ਭੇਜਦੇ ਹੋਏ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਜਾਵੇ**।ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 13-05-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਰਾਜ ਸੂਚਨਾ ਕਮਿਸ਼ਨਰ, ਪੰਜਾਬ।

ਮਿਤੀ: ਚੰਡੀਗੜ੍ਹ, 16 ਅਪ੍ਰੈਲ, 2019.

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਭਿੰਦਰ ਸਿੰਘ, (79861-82475)
ਡਿਪਟੀ ਡਾਇਰੈਕਟਰ(ਰਿਟਾ.)
#2133, ਸੰਨੀ ਇੰਕਲੇਵ (ਪੁਰਾਣਾ),
ਸੈਕਟਰ-125, ਬੈਕਸਾਈਡ ਕਿਡਜ਼ੀ ਸਕੂਲ,
ਖਰੜ, ਜ਼ਿਲ੍ਹਾ ਐਸ.ਏ.ਐਸ ਨਗਰ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਡਾਇਰੈਕਟਰ ਆਫ਼ ਇੰਡਸਟ੍ਰੀਜ਼ ਅਤੇ ਕਮਰਸ,
ਪੰਜਾਬ, ਉਦਯੋਗ ਭਵਨ,
ਸੈਕਟਰ-17, ਚੰਡੀਗੜ੍ਹ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਡਾਇਰੈਕਟਰ ਆਫ਼ ਇੰਡਸਟ੍ਰੀਜ਼ ਅਤੇ ਕਮਰਸ,
ਪੰਜਾਬ, ਉਦਯੋਗ ਭਵਨ,
ਸੈਕਟਰ-17, ਚੰਡੀਗੜ੍ਹ। -------ਉੱਤਰਦਾਤਾ

**ਅਪੀਲ ਕੇਸ ਨੰ:3575 ਆਫ਼ 2018**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀਮਤੀ ਰਾਜ ਕੌਰ, ਸੁਪਰਡੰਟ (99150-20211)।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 30-05-2018, ਲੋਕ ਸੂਚਨਾ ਅਧਿਕਾਰੀ ਦਫਤਰ ਡਾਇਰੈਕਟਰ ਆਫ਼ ਇੰਡਸਟ੍ਰੀਜ਼ ਅਤੇ ਕਮਰਸ, ਪੰਜਾਬ, ਉਦਯੋਗ ਭਵਨ, ਸੈਕਟਰ-17, ਚੰਡੀਗੜ੍ਹ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਆਪਣੇ ਪੈਨਸ਼ਨਰੀ ਲਾਭਾਂ ਲਈ ਕੀਤੀ ਗਈ ਬੇਨਤੀ ਨਾਲ ਸਬੰਧਤ 4 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 25-07-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 22-10-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 28-11-2018 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਮਿਤੀ 09-01-2019 ਨੂੰ ਸਵੇਰੇ 11:30 ਵਜੇ ਪਹਿਲੀ ਸੁਣਵਾਈ ਲਈ ਨਿਸਚਿਤ ਕੀਤਾ ਗਿਆ ਸੀ।

2. ਪਿਛਲੀ ਪੇਸ਼ੀ, ਮਿਤੀ 20-03-2019 ਤੇ ਉੱਤਰਦਾਤਾ ਵੱਲੋਂ ਹਾਜ਼ਰ ਸ਼੍ਰੀਮਤੀ ਰਾਜ ਕੌਰ, ਸੁਪਰਡੰਟ ਨੇ ਪੱਤਰ ਨੰ:1/2396/2017/ਆਰ.ਟੀ.ਆਈ.-05/-2/2791-2791-ਏ, ਮਿਤੀ 19-03-2019 ਪੇਸ਼ ਕਰਦੇ ਹੋਏ ਦੱਸਿਆ ਸੀ ਕਿ ਅਪੀਲਕਰਤਾ ਨੂੰ ਸੂਚਨਾ ਦਸਤੀ ਮੁਹੱਈਆ ਕਰਵਾਈ ਜਾ ਚੁੱਕੀ ਹੈ। ਅਪੀਲਕਰਤਾ ਹਾਜ਼ਰ ਨਹੀਂ ਹੋਇਆ ਸੀ ਪਰੰਤੂ ਉਸ ਵੱਲੋਂ ਹਾਜ਼ਰ ਨਾ ਹੋਣ ਬਾਰੇ ਈ.ਮੇਲ ਰਾਹੀਂ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਪੇਸ਼ੀ ਲਈ

ਚਲਦਾ---ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:3575 ਆਫ਼ 2018**

ਅਗਲੀ ਮਿਤੀ ਦੇਣ ਲਈ ਬੇਨਤੀ ਕੀਤੀ ਗਈ ਸੀ। ਅਪੀਲਕਰਤਾ ਨੂੰ ਆਪਣਾ ਪੱਖ ਪੇਸ਼ ਕਰਨ ਦਾ ਮੌਕਾ ਦਿੰਦੇ ਹੋਏ ਇਹ ਕੇਸ ਅਗਲੀ ਸੁਣਵਾਈ ਮਿਤੀ 16-04-2019 ਨੂੰ ਸਵੇਰੇ 11:30 ਵਜੇ ਲਈ ਨਿਸ਼ਚਿਤ ਕੀਤਾ ਗਿਆ ਸੀ।

3. ਅੱਜ ਫਿਰ ਪੇਸ਼ੀ ਤੇ ਉੱਤਰਦਾਤਾ ਵੱਲੋਂ ਹਾਜ਼ਰ ਸ਼੍ਰੀਮਤੀ ਰਾਜ ਕੌਰ, ਸੁਪਰਡੰਟ ਨੇ ਕਿਹਾ ਹੈ ਕਿ ਅਪੀਲਕਰਤਾ ਨੂੰ ਸੂਚਨਾ ਪਹਿਲਾਂ ਹੀ ਦਸਤੀ ਮੁਹੱਈਆ ਕਰਵਾਈ ਜਾ ਚੁੱਕੀ ਹੈ ਅਤੇ ਅਪੀਲਕਰਤਾ ਵੱਲੋਂ ਕਿਸੇ ਵੀ ਤਰੁੱਟੀ ਬਾਰੇ ਉਨ੍ਹਾਂ ਨੂੰ ਸੂਚਿਤ ਨਹੀਂ ਕੀਤਾ ਗਿਆ। ਅਪੀਲਕਰਤਾ ਅੱਜ ਫਿਰ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ ਜਿਸ ਤੋਂ ਜ਼ਾਹਿਰ ਹੈ ਕਿ ਅਪੀਲਕਰਤਾ ਪ੍ਰਾਪਤ ਹੋਈ ਸੂਚਨਾ ਤੋਂ ਸੰਤੁਸ਼ਟ ਹੈ ਅਤੇ ਉਹ ਇਸ ਕੇਸ ਦੀ ਹੋਰ ਪੈਰਵਾਈ ਵਿੱਚ ਕੋਈ ਦਿਲਚਸਪੀ ਨਹੀਂ ਰੱਖਦਾ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ, 16 ਅਪ੍ਰੈਲ, 2019.** ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਅਵਤਾਰ ਸਿੰਘ, (ਮੋਬ:9592795419)
ਪੁੱਤਰ ਸ਼੍ਰੀ ਮੱਖਣ ਸਿੰਘ,
ਵਾਸੀ ਵਾਰਡ ਨੰ:9,
ਗਾਰਡਨ ਐਵਨਿਊ, ਅੰਬੇਦਕਰ ਹਾਊਸ,
ਨੇੜੇ ਕਨਾਲ, ਅਜਨਾਲਾ,
ਜ਼ਿਲ੍ਹਾ ਅੰਮ੍ਰਿਤਸਰ। -------ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਜਨਰਲ ਮੈਨੇਜਰ-ਕਮ-
ਮਾਈਨਿੰਗ ਅਫਸਰ,
ਜ਼ਿਲ੍ਹਾ ਉਦਯੋਗ ਕੇਂਦਰ,
ਅੰਮ੍ਰਿਤਸਰ। -------ਉੱਤਰਦਾਤਾ

**ਸ਼ਿਕਾਇਤ ਕੇਸ ਨੰ:117/2019**

**ਹਾਜ਼ਰ:-**

1) ਸ਼ਿਕਾਇਤਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਗੁਰਮੀਤ ਸਿੰਘ, ਉਪ ਮੰਡਲ ਅਫਸਰ-ਕਮ-ਸਹਾਇਕ ਜ਼ਿਲ੍ਹਾ ਮਾਈਨਿੰਗ ਅਫਸਰ (95010-52222)।

**ਹੁਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 12-04-2018, ਲੋਕ ਸੂਚਨਾ ਅਧਿਕਾਰੀ ਦਫਤਰ ਜਨਰਲ ਮੈਨੇਜਰ-ਕਮ-ਮਾਈਨਿੰਗ ਅਫਸਰ, ਜ਼ਿਲ੍ਹਾ ਉਦਯੋਗ ਕੇਂਦਰ, ਅੰਮ੍ਰਿਤਸਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵੱਲੋਂ ਜ਼ਿਲ੍ਹਾ ਅੰਮ੍ਰਿਤਸਰ ਅਤੇ ਤਰਨ ਤਾਰਨ ਵਿੱਚ ਸਾਲ 2016 ਅਤੇ ਉਸ ਤੋਂ ਬਾਅਦ ਸਾਰੇ ਰੇਤਾ ਨਿਕਾਸੀ ਦੇ ਸਮੂਹ ਨਿਲਾਮੀ ਨੋਟਿਸਾਂ, ਰਾਵੀ, ਬਿਆਸ ਦਰਿਆ ਅਤੇ ਅਜਨਾਲਾ ਵਿੱਚ ਚੱਲ ਰਹੀਆਂ ਰੇਤੇ ਦੀਆਂ ਖੱਡਾਂ ਆਦਿ ਨਾਲ ਸਬੰਧਤ 12 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 25-01-2019 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 13-02-2919 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 18-03-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ ਪਰੰਤੂ ਬਾਅਦ ਵਿੱਚ ਇਸ ਕੇਸ ਦੀ ਸੁਣਵਾਈ ਮੁਲਤਵੀ ਕਰਕੇ ਇਹ ਕੇਸ ਮਿਤੀ 20-03-2019 ਨੂੰ ਸਵੇਰੇ 11:30 ਵਜੇ ਸੁਣਵਾਈ ਲਈ ਨਿਸਚਿਤ ਕੀਤਾ ਗਿਆ ਸੀ।

2. ਪੇਸ਼ੀ, ਮਿਤੀ 20-03-2019 ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਗੁਰਮੀਤ ਸਿੰਘ, ਉਪ ਮੰਡਲ ਅਫਸਰ-ਕਮ-ਸਹਾਇਕ ਜ਼ਿਲ੍ਹਾ ਮਾਈਨਿੰਗ ਅਫਸਰ ਨੇ ਦੱਸਿਆ ਸੀ ਕਿ ਪਹਿਲਾਂ ਮਾਈਨਿੰਗ ਦਾ ਕੰਮ ਡਾਇਰੈਕਟਰ, ਉਦਯੋਗ ਅਤੇ ਕਮਰਸ ਵਿਭਾਗ ਕੋਲ ਸੀ । ਹੁਣ ਨਵਾਂ ਵਿਭਾਗ ਮਾਈਨਜ਼ ਅਤੇ ਜਿਓਲੋਜੀ ਬਣਿਆ

ਚਲਦਾ----ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



ਸ਼ਿਕਾਇਤ ਕੇਸ ਨੰ:117/2019

ਹੈ ਅਤੇ ਮਾਈਨਿੰਗ ਦਾ ਕੰਮ ਉਨ੍ਹਾਂ ਦੇ ਵਿਭਾਗ ਨੂੰ ਦਿੱਤਾ ਗਿਆ ਹੈ।ਇਸ ਕਰਕੇ ਡਾਇਰੈਕਟਰ, ਉਦਯੋਗ ਅਤੇ ਕਮਰਸ ਵਿਭਾਗ ਵੱਲੋਂ ਮੁਹੱਈਆ ਕਰਵਾਏ ਗਏ ਰਿਕਾਰਡ ਦੇ ਅਧਾਰ ਤੇ ਸੂਚਨਾ ਤਿਆਰ ਕਰਕੇ ਉਨ੍ਹਾਂ ਦੇ ਪੱਤਰ ਨੰ:2212, ਮਿਤੀ 27-06-2018 ਰਾਹੀਂ ਸ਼ਿਕਾਇਤਕਰਤਾ ਨੂੰ ਭੇਜੀ ਜਾ ਚੁੱਕੀ ਹੈ। ਉਨ੍ਹਾਂ ਵੱਲੋਂ ਇਸ ਬਾਰੇ ਆਪਣੇ ਪੱਤਰ, ਮਿਤੀ 14-03-2019 ਰਾਹੀਂ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਗਿਆ ਸੀ। ਸ਼ਿਕਾਇਤਕਰਤਾ ਵੱਲੋਂ ਕੋਈ ਵੀ ਹਾਜ਼ਰ ਨਹੀਂ ਹੋਇਆ ਸੀ ਅਤੇ ਨਾ ਹੀ ਉਸ ਵੱਲੋਂ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਸੀ। ਇਸ ਲਈ ਸ਼ਿਕਾਇਤਕਰਤਾ ਨੂੰ ਹਦਾਇਤ ਕੀਤੀ ਗਈ ਸੀ ਕਿ ਜੇਕਰ ਉਸ ਨੂੰ ਪ੍ਰਾਪਤ ਹੋਈ ਸੂਚਨਾ ਵਿੱਚ ਕੋਈ ਤਰੁੱਟੀਆਂ ਪਾਈਆਂ ਜਾਣ ਤਾਂ ਉਨ੍ਹਾਂ ਬਾਰੇ ਲਿਖਤੀ ਰੂਪ ਵਿੱਚ ਸਿੱਧੇ ਤੌਰ ਤੇ ਲੋਕ ਸੂਚਨਾ ਅਧਿਕਾਰੀ ਨੂੰ ਸੂਚਿਤ ਕੀਤਾ ਜਾਵੇ। ਇਸ ਹਦਾਇਤ ਨਾਲ ਇਹ ਕੇਸ ਅਗਲੀ ਸੁਣਵਾਈ ਮਿਤੀ 16-04-2019 ਨੂੰ ਸਵੇਰੇ 11.30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਅੱਜ ਫਿਰ ਪੇਸ਼ੀ ਤੇ ਉੱਤਰਦਾਤਾ ਵੱਲੋਂ ਹਾਜ਼ਰ ਸ਼੍ਰੀ ਗੁਰਮੀਤ ਸਿੰਘ, ਉਪ ਮੰਡਲ ਅਫਸਰ-ਕਮ-ਸਹਾਇਕ ਜ਼ਿਲ੍ਹਾ ਮਾਈਨਿੰਗ ਅਫਸਰ ਨੇ ਕਿਹਾ ਹੈ ਕਿ ਸ਼ਿਕਾਇਤਕਰਤਾ ਨੂੰ ਸੂਚਨਾ ਪਹਿਲਾਂ ਹੀ ਭੇਜੀ ਜਾ ਚੁੱਕੀ ਹੈ ਅਤੇ ਸ਼ਿਕਾਇਤਕਰਤਾ ਵੱਲੋਂ ਕਿਸੇ ਵੀ ਤਰੁੱਟੀ ਬਾਰੇ ਉਨ੍ਹਾਂ ਨੂੰ ਸੂਚਿਤ ਨਹੀਂ ਕੀਤਾ ਗਿਆ। ਸ਼ਿਕਾਇਤਕਰਤਾ ਅੱਜ ਫਿਰ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ ਜਿਸ ਤੋਂ ਜ਼ਾਹਿਰ ਹੈ ਕਿ ਸ਼ਿਕਾਇਤਕਰਤਾ ਪ੍ਰਾਪਤ ਹੋਈ ਸੂਚਨਾ ਤੋਂ ਸੰਤੁਸ਼ਟ ਹੈ ਅਤੇ ਉਹ ਇਸ ਕੇਸ ਦੀ ਹੋਰ ਪੈਰਵਾਈ ਵਿੱਚ ਕੋਈ ਦਿਲਚਸਪੀ ਨਹੀਂ ਰੱਖਦਾ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਸ਼ਿਕਾਇਤਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਸ਼ਿਕਾਇਤ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਰਾਜ ਸੂਚਨਾ ਕਮਿਸ਼ਨਰ, ਪੰਜਾਬ।

ਮਿਤੀ: ਚੰਡੀਗੜ੍ਹ, 16 ਅਪ੍ਰੈਲ, 2019.

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਜਗਦੀਸ਼ ਸਿੰਘ, (ਮੋਬ:98552-77151)
ਮਕਾਨ ਨੰ:368, ਗੁਰੂ ਤੇਗ ਬਹਾਦਰ ਨਗਰ,
ਜਲੰਧਰ। ------ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਜ਼ਿਲ੍ਹਾ ਸਿੱਖਿਆ ਅਫਸਰ (ਸੈ:ਸਿੱ:),
ਨਵਾਂ ਸ਼ਹਿਰ। --------ਉੱਤਰਦਾਤਾ

**ਸ਼ਿਕਾਇਤ ਕੇਸ ਨੰ:177/2019**

**ਹਾਜ਼ਰ:-**

1) ਸ਼ਿਕਾਇਤਕਰਤਾ ਵੱਲੋਂ ਸ਼੍ਰੀ ਅਮਿਤ ਰਾਵਤ (81969-68132) ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਭੁਪਿੰਦਰ ਸਿੰਘ, ਕਲਰਕ ਅਤੇ ਸ਼੍ਰੀਮਤੀ ਨਿਧੀ ਉਮਟ, ਕਲਰਕ (95920-65019)।

**ਹੁਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 19-12-2018, ਲੋਕ ਸੂਚਨਾ ਅਧਿਕਾਰੀ ਦਫਤਰ ਜ਼ਿਲ੍ਹਾ ਸਿੱਖਿਆ ਅਫਸਰ (ਸੈ:ਸਿ:), ਨਵਾਂ ਸ਼ਹਿਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਸ਼੍ਰੀਮਤੀ ਰਜਵੰਤ ਕੌਰ ਜੋ ਕਿ ਬਤੌਰ ਟੀਚਰ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਹਿਆਲਾ ਤੋਂ ਰਿਟਾਇਰ ਹੋਈ, ਨਾਲ ਸਬੰਧਤ 04 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 14-02-2019 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 08-03-2919 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 25-03-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਤੇ ਸ਼ਿਕਾਇਤਕਰਤਾ ਵੱਲੋਂ ਹਾਜ਼ਰ ਨੁਮਾਇੰਦੇ, ਸ਼੍ਰੀ ਅਮਿਤ ਰਾਵਤ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਭੂਪਿੰਦਰ ਸਿੰਘ, ਕਲਰਕ ਨੇ ਪੱਤਰ ਨੰ: ਆਰ.ਟੀ.ਆਈ./2019/116087, ਮਿਤੀ 12-04-2019 ਰਾਹੀਂ ਜਵਾਬ ਪੇਸ਼ ਕੀਤਾ ਹੈ ਜੋ ਕਿ ਵਾਚਣ ਤੇ ਨਾ-ਤਸੱਲੀਬਖਸ਼ ਪਾਇਆ ਗਿਆ ਹੈ। ਹਾਜ਼ਰ ਉੱਤਰਦਾਤਾ ਕਮਿਸ਼ਨ ਦੇ ਹੁਕਮ, ਮਿਤੀ 25-03-2019 ਅਨੁਸਾਰ ਸ਼ਿਕਾਇਤਕਰਤਾ ਨੂੰ ਸੂਚਨਾ ਮੁਹੱਈਆ ਨਾ ਕਰਾਉਣ ਬਾਰੇ ਵੀ ਕੋਈ ਤਸੱਲੀਬਖਸ਼ ਉੱਤਰ ਨਹੀਂ ਦੇ ਸਕਿਆ। ਇਸ ਲਈ ਉੱਤਰਦਾਤਾ, ਜ਼ਿਲ੍ਹਾ ਸਿੱਖਿਆ ਅਫਸਰ (ਲੋਕ ਸੂਚਨਾ ਅਧਿਕਾਰੀ) ਨਵਾਂ ਸ਼ਹਿਰ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਆਪਣੇ ਹਸਤਾਖਰਾਂ ਹੇਠ ਸ਼ਿਕਾਇਤਕਰਤਾ ਦੇ ਬਿਨੈ-ਪੱਤਰ ਅਨੁਸਾਰ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਸ਼ਿਕਾਇਤਕਰਤਾ ਨੂੰ ਆਰ.ਟੀ.ਆਈ. ਐਕਟ,2005 ਤਹਿਤ ਬਣਦੀ ਸੂਚਨਾ ਮੁਹੱਈਆ ਕਰਵਾਈ ਜਾਵੇ ਅਤੇ ਲਗਾਤਾਰ ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਅਗਲੀ ਪੇਸ਼ੀ ਤੇ ਨਿੱਜੀ ਤੌਰ ਤੇ ਹਾਜ਼ਰ ਹੋ ਕੇ ਆਪਣਾ ਸਪੱਸ਼ਟੀਕਰਣ ਵੀ ਪੇਸ਼ ਕੀਤਾ ਜਾਵੇ। ਅਜਿਹਾ ਨਾ ਕਰਨ ਦੀ ਸੂਰਤ ਵਿੱਚ ਉਨ੍ਹਾਂ ਵਿਰੁੱਧ ਆਰ.ਟੀ.ਆਈ. ਐਕਟ,2005 ਤਹਿਤ ਬਣਦੀ ਅਗਲੇਰੀ ਇਕਤਰਫਾ ਕਾਰਵਾਈ ਆਰੰਭ ਕਰ ਦਿੱਤੀ ਜਾਵੇਗੀ।ਇਸ ਹਦਾਇਤ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 13-05-2019 ਨੂੰ ਸਵੇਰੇ 11.30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਮਿਤੀ: ਚੰਡੀਗੜ੍ਹ, 16 ਅਪ੍ਰੈਲ, 2019. ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਜਗਦੀਸ਼ ਸਿੰਘ, (ਮੋਬ:98552-77151)
ਮਕਾਨ ਨੰ:368, ਗੁਰੂ ਤੇਗ ਬਹਾਦਰ ਨਗਰ,
ਜਲੰਧਰ। ------ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਜ਼ਿਲ੍ਹਾ ਸਿੱਖਿਆ ਅਫਸਰ (ਸੈ:ਸਿੱ:),
ਨਵਾਂ ਸ਼ਹਿਰ। --------ਉੱਤਰਦਾਤਾ

**ਸ਼ਿਕਾਇਤ ਕੇਸ ਨੰ:178/2019**

**ਹਾਜ਼ਰ:-**

1) ਸ਼ਿਕਾਇਤਕਰਤਾ ਵੱਲੋਂ ਸ਼੍ਰੀ ਅਮਿਤ ਰਾਵਤ (81969-68132) ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਭੂਪਿੰਦਰ ਸਿੰਘ, ਕਲਰਕ ਅਤੇ ਸ਼੍ਰੀਮਤੀ ਨਿਧੀ ਉਮਟ, ਕਲਰਕ (95920-65019)।

**ਹੁਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 19-12-2018, ਲੋਕ ਸੂਚਨਾ ਅਧਿਕਾਰੀ ਦਫਤਰ ਜ਼ਿਲ੍ਹਾ ਸਿੱਖਿਆ ਅਫਸਰ (ਸੈ:ਸਿ:), ਨਵਾਂ ਸ਼ਹਿਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਸ਼੍ਰੀ ਮੋਹਣ ਸਿੰਘ ਜੋ ਕਿ ਬਤੌਰ ਮਾਸਟਰ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਰਾਹੋਂ ਤੋਂ ਰਿਟਾਇਰ ਹੋਏ, ਨਾਲ ਸਬੰਧਤ 04 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 14-02-2019 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 08-03-2919 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 25-03-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਤੇ ਸ਼ਿਕਾਇਤਕਰਤਾ ਵੱਲੋਂ ਹਾਜ਼ਰ ਨੁਮਾਇੰਦੇ, ਸ਼੍ਰੀ ਅਮਿਤ ਰਾਵਤ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਭੂਪਿੰਦਰ ਸਿੰਘ, ਕਲਰਕ ਨੇ ਪੱਤਰ ਨੰ: ਆਰ.ਟੀ.ਆਈ./2019/116087, ਮਿਤੀ 12-04-2019 ਰਾਹੀਂ ਜਵਾਬ ਪੇਸ਼ ਕੀਤਾ ਹੈ ਜੋ ਕਿ ਵਾਚਣ ਤੇ ਨਾ-ਤਸੱਲੀਬਖਸ਼ ਪਾਇਆ ਗਿਆ ਹੈ। ਹਾਜ਼ਰ ਉੱਤਰਦਾਤਾ ਕਮਿਸ਼ਨ ਦੇ ਹੁਕਮ, ਮਿਤੀ 25-03-2019 ਅਨੁਸਾਰ ਸ਼ਿਕਾਇਤਕਰਤਾ ਨੂੰ ਸੂਚਨਾ ਮੁਹੱਈਆ ਨਾ ਕਰਾਉਣ ਬਾਰੇ ਵੀ ਕੋਈ ਤਸੱਲੀਬਖਸ਼ ਉੱਤਰ ਨਹੀਂ ਦੇ ਸਕਿਆ। ਇਸ ਲਈ ਉੱਤਰਦਾਤਾ, ਜ਼ਿਲ੍ਹਾ ਸਿੱਖਿਆ ਅਫਸਰ (ਲੋਕ ਸੂਚਨਾ ਅਧਿਕਾਰੀ) ਨਵਾਂ ਸ਼ਹਿਰ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਆਪਣੇ ਹਸਤਾਖਰਾਂ ਹੇਠ ਸ਼ਿਕਾਇਤਕਰਤਾ ਦੇ ਬਿਨੈ-ਪੱਤਰ ਅਨੁਸਾਰ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਸ਼ਿਕਾਇਤਕਰਤਾ ਨੂੰ ਆਰ.ਟੀ.ਆਈ. ਐਕਟ,2005 ਤਹਿਤ ਬਣਦੀ ਸੂਚਨਾ ਮੁਹੱਈਆ ਕਰਵਾਈ ਜਾਵੇ ਅਤੇ ਲਗਾਤਾਰ ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਅਗਲੀ ਪੇਸ਼ੀ ਤੇ ਨਿੱਜੀ ਤੌਰ ਤੇ ਹਾਜ਼ਰ ਹੋ ਕੇ ਆਪਣਾ ਸਪੱਸ਼ਟੀਕਰਣ ਵੀ ਪੇਸ਼ ਕੀਤਾ ਜਾਵੇ। ਅਜਿਹਾ ਨਾ ਕਰਨ ਦੀ ਸੂਰਤ ਵਿੱਚ ਉਨ੍ਹਾਂ ਵਿਰੁੱਧ ਆਰ.ਟੀ.ਆਈ. ਐਕਟ,2005 ਤਹਿਤ ਬਣਦੀ ਅਗਲੇਰੀ ਇਕਤਰਫਾ ਕਾਰਵਾਈ ਆਰੰਭ ਕਰ ਦਿੱਤੀ ਜਾਵੇਗੀ। ਇਸ ਹਦਾਇਤ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 13-05-2019 ਨੂੰ ਸਵੇਰੇ 11.30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ, 16 ਅਪ੍ਰੈਲ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਨਵਦੀਪ ਗੁਪਤਾ, (84275-30819)
ਕੋਠੀ ਨੰ:455, ਗਿਲਕੋ ਵੈਲੀ,
ਖਰੜ, ਜ਼ਿਲ੍ਹਾ ਮੁਹਾਲੀ-140301. .......ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਇੰਨਚਾਰਜ,
ਪੁਲਿਸ ਚੌਕੀ, ਸੰਨੀ ਇਨਕਲੇਵ,
ਖਰੜ, ਜ਼ਿਲ੍ਹਾ ਮੁਹਾਲੀ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਇੰਸਪੈਕਟਰ ਜਨਰਲ ਆਫ ਪੁਲਿਸ,
(ਰੋਪੜ ਰੇਂਜ) ਰੂਪਨਗਰ। ...... ਉੱਤਰਦਾਤਾ

**ਅਪੀਲ ਕੇਸ ਨੰ:4069 ਆਫ਼ 2018**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਪ੍ਰਦੀਪ ਕੁਮਾਰ, ਏ.ਐਸ.ਆਈ. (96469-13427) ਅਤੇ ਸ਼੍ਰੀ ਪਾਲ ਚੰਦ, ਹੈੱਡ ਕੰਸਟੇਬਲ (98764-43891)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 16-09-2018, ਲੋਕ ਸੂਚਨਾ ਅਧਿਕਾਰੀ ਦਫਤਰ ਇੰਨਚਾਰਜ, ਪੁਲਿਸ ਚੌਕੀ, ਸੰਨੀ ਇਨਕਲੇਵ, ਖਰੜ, ਜ਼ਿਲ੍ਹਾ ਮੁਹਾਲੀ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਆਪਣੇ ਵਿਰੁੱਧ ਸ਼ਿਕਾਇਤ ਨੰ:1090/ਦਸਤੀ ਮਿਤੀ 25-04-2018 ਨਾਲ ਸਬੰਧਤ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 02-10-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 27-11-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 01-01-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਮਿਤੀ 30-01-2019 ਨੂੰ ਸਵੇਰੇ 11:30 ਵਜੇ ਪਹਿਲੀ ਸੁਣਵਾਈ ਲਈ ਨਿਸਚਿਤ ਕੀਤਾ ਗਿਆ ਸੀ।

2. ਪਿਛਲੀ ਪੇਸ਼ੀ, ਮਿਤੀ 02-04-2019 ਤੇ ਹਾਜ਼ਰ ਅਪੀਲਕਰਤਾ ਨੇ ਕਿਹਾ ਸੀ ਕਿ ਉਸ ਵੱਲੋਂ ਉਸ ਵਿਰੁੱਧ ਸ਼ਿਕਾਇਤ ਮਿਤੀ 25-04-2018 ਤੇ ਕੀਤੀ ਗਈ ਕਾਰਵਾਈ ਬਾਰੇ ਸੂਚਨਾ ਮੰਗੀ ਗਈ ਹੈ ਜ਼ੋ ਕਿ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਪ੍ਰਦੀਪ ਕੁਮਾਰ, ਏ.ਐਸ.ਆਈ. ਨੇ ਦੱਸਿਆ ਸੀ ਕਿ ਅਪੀਲਕਰਤਾ ਵਿਰੁੱਧ ਸ਼ਿਕਾਇਤ ਮਿਤੀ 25-04-2018 ਅਜੇ ਕਾਰਵਾਈ ਅਧੀਨ ਹੈ ਅਤੇ ਕਾਰਵਾਈ ਮੁਕੰਮਲ ਹੋਣ ਤੇ ਅਪੀਲਕਰਤਾ ਨੂੰ ਸੂਚਨਾ ਮੁਹੱਈਆ ਕਰਵਾ ਦਿੱਤੀ ਜਾਵੇਗੀ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ

ਚਲਦਾ----ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:4069 ਆਫ਼ 2018**

ਹਦਾਇਤ ਕੀਤੀ ਗਈ ਸੀ ਕਿ ਅਪੀਲਕਰਤਾ ਵਿਰੁੱਧ ਸ਼ਿਕਾਇਤ ਮਿਤੀ 25-04-2018 ਤੇ ਹੁਣ ਤੱਕ ਕੀਤੀ ਗਈ ਕਾਰਵਾਈ ਬਾਰੇ ਮਿਤੀ-ਵਾਰ, ਵਿਸਥਾਰ-ਪੂਰਵਕ, ਸੂਚਨਾ ਅਪੀਲਕਰਤਾ ਨੂੰ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਰਜਿਸਟਰਡ ਡਾਕ ਰਾਹੀਂ ਭੇਜਦੇ ਹੋਏ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ ਅਗਲੀ ਸੁਣਵਾਈ ਮਿਤੀ 16-04-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਅੱਜ ਪੇਸ਼ੀ ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਪ੍ਰਦੀਪ ਕੁਮਾਰ, ਏ.ਐਸ.ਆਈ. ਨੇ ਅਪੀਲਕਰਤਾ ਨੂੰ ਦਿੱਤੀ ਜਾਣ ਵਾਲੀ ਸੂਚਨਾ ਪੇਸ਼ ਕੀਤੀ ਹੈ। ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਅੱਜ ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਈ.ਮੇਲ, ਮਿਤੀ 10-04-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਇਹ ਵੀ ਬੇਨਤੀ ਕੀਤੀ ਗਈ ਹੈ ਕਿ ਲੋਕ ਸੂਚਨਾ ਅਧਿਕਾਰੀ ਨੂੰ ਹਦਾਇਤ ਕੀਤੀ ਜਾਵੇ ਕਿ ਉਸ ਵੱਲੋਂ ਮੰਗੀ ਗਈ ਸੂਚਨਾ ਡਾਕ ਰਾਹੀਂ ਉਸ ਨੂੰ ਭੇਜ ਦਿੱਤੀ ਜਾਵੇ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਇਹ ਸੂਚਨਾ ਰਜਿਸਟਰਡ ਡਾਕ ਰਾਹੀਂ ਅਪੀਲਕਰਤਾ ਨੂੰ ਭੇਜ਼ ਦਿੱਤੀ ਜਾਵੇ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤੀ ਗਈ ਸੂਚਨਾ ਕਮਿਸ਼ਨ ਵੱਲੋਂ ਤਸੱਲੀਬਖਸ਼ ਪਾਈ ਗਈ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਰਾਜ ਸੂਚਨਾ ਕਮਿਸ਼ਨਰ, ਪੰਜਾਬ।

ਮਿਤੀ: ਚੰਡੀਗੜ੍ਹ, 16 ਅਪ੍ਰੈਲ, 2019.